# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 12-07-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਰੁਜ਼ਗਾਰ ਮੇਲਾ, ਵਿਕਸਿਤ ਭਾਰਤ ਦੇ ਨਿਰਮਾਣ ਲਈ ਨੌਜਵਾਨਾਂ ਨੂੰ ਮਜ਼ਬੂਤ ਬਣਾਉਣ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ ; ਓਹਨਾਂ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਨਵੇਂ- ਨਿਯੁਕਤ ਹੋਏ ਲੋਕਾਂ ਨੂੰ 51,ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡੇ ।
- ਪੰਜਾਬ, ਚ ਰੁਜ਼ਗਾਰ ਮੇਲਾ, ਪਟਿਆਲਾ ਲੋਕੋਮੋਟਿਵ ਵਰਕਸ ਵਿਭਾਗ ਅਤੇ ਕਪੂਰਥਲਾ ਦੀ ਰੇਲ ਕੋਚ ਫੈਕਟਰੀ ਵਿਖੇ ਹੋਇਆ।
- ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਪੰਚਾਇਤੀ ਚੋਣਾਂ ਲਈ ਅਧਿਕਾਰਿਕ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਏ । ਨਾਮਜ਼ਦਗੀਆਂ ਭਰਨ ਦਾ ਅਮਲ 14 ਜੁਲਾਈ ਨੂੰ ਸ਼ੁਰੂ ਹੋਏਗਾ।

- ਪੰਜਾਬ ‘ਚ ਮੌਸਮ ਵਿਭਾਗ ਨੇ ਅੱਜ ਅਤੇ ਭਲਕੇ ਵੱਖ-ਵੱਖ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਏ।
- ਕ੍ਰਿਕੇਟ ਵਿਚ, ਭਾਰਤ ਅਤੇ ਇੰਗਲੈਂਡ ਦਰਮਿਆਨ, ਲਾਰਡਸ ਵਿਖੇ ਐਂਡਰਸਨ-ਤੇਂਦੁਲਕਰ ਟਰਾਫੀ ਦੇ ਤੀਜੇ ਟੈਸਟ ਮੈਚ ਦੀ ਤੀਜੇ ਦਿਨ ਦੀ ਖੇਡ ਜਾਰੀ ਏ।

--------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਰੁਜ਼ਗਾਰ ਮੇਲਾ, ਨੌਜਵਾਨਾਂ ਨੂੰ ਮਜ਼ਬੂਤ ਬਣਾਉਣ ਅਤੇ ਵਿਕਸਤ ਭਾਰਤ ਦੇ ਨਿਰਮਾਣ ਵਿੱਚ ਉਨ੍ਹਾਂ ਦਾ ਸਰਗਰਮ ਸਹਿਯੋਗ ਲੈਣ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ । ਪ੍ਰਧਾਨ ਮੰਤਰੀ ਅੱਜ ਵੀਡੀਓ ਕਾਨਫਰੰਸਿੰਗ ਰਾਹੀਂ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ 51 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡਣ ਤੋਂ ਬਾਅਦ ਰੁਜ਼ਗਾਰ ਮੇਲੇ ਵਿੱਚ ਬੋਲ ਰਹੇ ਸਨ-

**Byte-**

ਸ਼੍ਰੀ ਮੋਦੀ ਨੇ ਕਿਹਾ ਕਿ ਸਰਕਾਰੀ ਵਿਭਾਗਾਂ ਵਿੱਚ ਨਵੇਂ ਨਿਯੁਕਤ ਹੋਏ ਨੌਜਵਾਨ, ਰਾਸ਼ਟਰ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਨੇ -

**BYTE -**

ਪ੍ਰਧਾਨ ਮੰਤਰੀ ਨੇ ਦੱਸਿਆ ਕਿ ਹਾਲ ਹੀ ਵਿੱਚ ਨਿੱਜੀ ਖੇਤਰ ਵਿੱਚ ਰੁਜ਼ਗਾਰ ਨਾਲ ਸਬੰਧਤ ਲਾਭ ਯੋਜਨਾ ਨੂੰ ਮਨਜ਼ੂਰੀ ਦਿੱਤੀ ਗਈ ਏ । ਉਨ੍ਹਾਂ ਦੱਸਿਆ ਕਿ ਸਰਕਾਰ ਨੇ ਇਸ ਪਹਿਲਕਦਮੀ ਲਈ ਲਗਭਗ ਇੱਕ ਲੱਖ ਕਰੋੜ ਰੁਪਏ ਅਲਾਟ ਕੀਤੇ ਨੇ ਅਤੇ ਇਸ ਨਾਲ ਸਾਢੇ 3 ਕਰੋੜ ਰੁਜ਼ਗਾਰ ਸਿਰਜਣ ਵਿੱਚ ਮਦਦ ਮਿਲੇਗੀ। ਸ਼੍ਰੀ ਮੋਦੀ ਨੇ ਕਿਹਾ ਕਿ PLI ਯੋਜਨਾ ਤਹਿਤ ਦੇਸ਼ ਭਰ ਵਿੱਚ 11 ਲੱਖ ਤੋਂ ਵੱਧ ਨੌਕਰੀਆਂ ਪੈਦਾ ਹੋਈਆਂ ਨੇ । ਇਹ 16ਵਾਂ ਰੁਜ਼ਗਾਰ ਮੇਲਾ ਅੱਜ ਦੇਸ਼ ਭਰ ਵਿੱਚ 47 ਥਾਵਾਂ 'ਤੇ ਕਰਾਇਆ ਗਿਆ ਜਿਹਨਾਂ ਵਿੱਚ ਪੰਜਾਬ ਦੀਆਂ ਦੋ ਥਾਵਾਂ ਸ਼ਾਮਲ ਸਨ । ਕੇਂਦਰੀ ਸਹਿਕਾਰਤਾ ਰਾਜ ਮੰਤਰੀ, ਸ਼੍ਰੀ ਕ੍ਰਿਸ਼ਨ ਪਾਲ ਗੁਰਜਰ ਨੇ ਕਪੂਰਥਲਾ ਦੇ ਰੇਲ ਕੋਚ ਫੈਕਟਰੀ ਵਿਖੇ ਕਰਾਏ ਗਏ ਸਮਾਰੋਹ ਵਿੱਚ ਨਵੇਂ ਨਿਯੁਕਤ ਹੋਏ 68 ਵਿਅਕਤੀਆਂ ਨੂੰ ਨਿਯੁਕਤੀ

ਪੱਤਰ ਵੰਡੇ। ਨਵੇਂ ਨਿਯੁਕਤ ਹੋਣ ਵਾਲਿਆਂ ਨੂੰ ਸੰਬੋਧਨ ਕਰਦਿਆਂ ਮੰਤਰੀ ਨੇ ਉਨ੍ਹਾਂ ਨੂੰ ਦੇਸ਼ ਨੂੰ ਵਿਕਸਿਤ ਭਾਰਤ ਬਣਾਉਣ ਦੇ ਪ੍ਰਧਾਨ ਮੰਤਰੀ ਦੇ ਸੁਪਨੇ ਵੱਲ ਕੰਮ ਕਰਨ ਦਾ ਸੱਦਾ ਦਿੱਤਾ-

**BYTE -**

ਪਟਿਆਲਾ ਲੋਕੋਮੋਟਿਵ ਵਰਕਸ ਵਿਭਾਗ ਵਿਖੇ ਹੋਏ ਪ੍ਰੋਗਰਾਮ ਵਿੱਚ ਨਵੇਂ ਨਿਯੁਕਤ ਹੋਏ 216 ਵਿਅਕਤੀਆਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ। ਇਸ ਮੌਕੇ ਨਵੇਂ ਨਿਯੁਕਤ ਹੋਏ ਕੁਝ ਮੁਲਾਜ਼ਮਾਂ ਨੇ ਆਕਾਸ਼ਵਾਣੀ ਖਬਰਾਂ ਨਾਲ ਖਾਸ ਤੌਰ ‘ਤੇ ਗੱਲਬਾਤ ਕਰਦਿਆਂ ਆਪਣੀ ਖ਼ੁਸ਼ੀ ਸਾਂਝੀ ਕੀਤੀ –

BYTE – BENEFICERIES

ਰੁਜ਼ਗਾਰ ਮੇਲਾ ਪ੍ਰਧਾਨ ਮੰਤਰੀ ਦੀ ਰੁਜ਼ਗਾਰ ਪੈਦਾ ਕਰਨ ਨੂੰ ਸਭ ਤੋਂ ਵੱਧ ਤਰਜੀਹ ਦੇਣ ਦੀ ਵਚਨਬੱਧਤਾ ਨੂੰ ਪੂਰਾ ਕਰਨ ਵੱਲ ਇੱਕ ਕਦਮ ਏ। ਹੁਣ ਤੱਕ ਦੇਸ਼ ਭਰ ਵਿੱਚ ਰੁਜ਼ਗਾਰ ਮੇਲਿਆਂ ਰਾਹੀਂ 10 ਲੱਖ ਤੋਂ ਵੱਧ ਨਿਯੁਕਤੀ ਪੱਤਰ ਜਾਰੀ ਕੀਤੇ ਜਾ ਚੁੱਕੇ ਨੇ।

---

ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਪੰਚਾਇਤੀ ਚੋਣਾਂ ਲਈ ਅਧਿਕਾਰਿਕ

ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਏ । ਨੋਟੀਫਿਕੇਸ਼ਨ ਮੁਤਾਬਿਕ ਇਹ ਚੋਣਾਂ, 15 ਅਕਤੂਬਰ 2024 ਨੂੰ ਹੋਈਆਂ ਗ੍ਰਾਮ ਪੰਚਾਇਤ ਚੋਣਾਂ ਤੋਂ ਬਾਅਦ ਖਾਲੀ ਹੋਈਆਂ  ਸਰਪੰਚ ਅਤੇ ਪੰਚਾਂ ਦੀਆਂ ਅਸਾਮੀਆਂ ਨੂੰ ਭਰਨ ਲਈ ਕਰਵਾਈਆਂ ਜਾਣਗੀਆਂ। ਕਾਰਵਾਈ ਲਈ ਨਾਮਜ਼ਦਗੀ ਪੱਤਰ ਭਰਨ ਦੀ ਸ਼ੁਰੂਆਤ ਸੋਮਵਾਰ, 14 ਜੁਲਾਈ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਕੀਤੀ ਜਾਵੇਗੀ ਅਤੇ  ਨਾਮਜ਼ਦਗੀਆਂ, 17 ਜੁਲਾਈ ਤਕ ਭਰੀਆਂ ਜਾ ਸਕਦੀਆਂ ਨੇ. ਕਾਗਜਾਂ ਦੀ ਜਾਂਚ 18 ਜੁਲਾਈ ਨੂੰ ਕੀਤੀ ਜਾਵੇਗੀ। ਉਮੀਦਵਾਰੀ ਵਾਪਸ ਲੈਣ ਦੀ ਆਖਰੀ ਤਰੀਕ 19 ਜੁਲਾਈ ਏ.  ਵੋਟਾਂ, 27 ਜੁਲਾਈ ਨੂੰ ਸਵੇਰੇ 8 ਤੋਂ ਸ਼ਾਮ 4 ਵਜੇ ਤੱਕ ਪੈਣਗੀਆਂ. ਚੋਣ ਪ੍ਰਕਿਰਿਆ ਪੂਰੀ ਹੋਣ ਦੀ ਤਰੀਕ 28 ਜੁਲਾਈ ਏ।

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਖਿਲਾਫ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਰਤੀ ਮਾੜੀ ਸ਼ਬਦਾਵਲੀ ਦੀ ਭਾਜਪਾ ਨੇ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਏ. ਇਸ ਸਬੰਧ ਵਿੱਚ ਅੱਜ ਪੰਜਾਬ ਭਰ ਵਿਚ ਕਈ ਥਾਵਾਂ ‘ਤੇ ਵਿਰੋਧ ਮੁਜ਼ਾਹਰੇ

ਹੋਏ ਜਿਹਨਾਂ ‘ਚ ਸੀਨੀਅਰ ਪਾਰਟੀ ਨੇਤਾਵਾਂ ਅਤੇ ਵਰਕਰਾਂ ਵਲੋ ਪੰਜਾਬ ਦੇ ਮੁੱਖ ਮੰਤਰੀ ਦਾ ਪੁਤਲਾ ਫੂਕ ਕੇ ਵਿਰੋਧ ਜ਼ਾਹਿਰ ਕੀਤਾ ਗਿਆ. ਓਧਰ ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਦੇ ਉਪ ਪ੍ਰਧਾਨ, ਪਰਮਜੀਤ ਸਿੰਘ ਕੈਂਥ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਵਿਰੁੱਧ ਕੀਤੀ ਗਈ ਟਿੱਪਣੀ ਦੀ ਨਿਖੇਧੀ ਕਰਦਿਆਂ ਕਿਹਾ ਏ ਕਿ ਉਹ ਅਨੁਚਿਤ ਭਾਸ਼ਾ ਦੀ ਵਰਤੋਂ ਕਰ ਰਹੇ ਨੇ ਜੋ ਮੁੱਖ ਮੰਤਰੀ ਦੇ ਅਹੁਦੇ ਨੂੰ ਢਾਅ ਲਾ ਰਹੀ ਏ. ਉਨ੍ਹਾਂ ਕਿਹਾ ਕਿ ਮਾਨ ਨੂੰ ਆਪਣੀ ਅਸਭਿਅ ਭਾਸ਼ਾ ਲਈ ਮੁਆਫ਼ੀ ਮੰਗਣੀ ਚਾਹੀਦੀ ਏ।

-------------------------------------------------------

ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਸੁਪਨੇ ਸਾਕਾਰ ਕਰਨ ਦੇ ਉਦੇਸ਼ ਨਾਲ, ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਵਿਧਾਨ ਸਭਾ ਹਲਕਾ ਮਲੋਟ ਤੋਂ ਇੱਕ ਵਿਲੱਖਣ ਪਹਿਲਕਦਮੀ ਸ਼ੁਰੂ ਕੀਤੀ। ਇਸ ਨਿਵੇਕਲੀ ਪਹਿਲ ਤਹਿਤ ਕੈਬਨਿਟ ਮੰਤਰੀ ਨੇ ਮਲੋਟ ਹਲਕੇ ਦੇ ਪਿੰਡ ਰਾਮਨਗਰ ਦੇ ਸਰਕਾਰੀ ਪ੍ਰਾਇਮਰੀ

ਅਤੇ ਮਿਡਲ ਸਕੂਲਾਂ ‘ਚ AC. ਲਵਾਉਣ ਲਈ ਮੁਹਿੰਮ ਦੀ ਸ਼ੁਰੂਆਤ ਕਰਵਾਈ ।ਇਸ ਪਹਿਲਕਦਮੀ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਵਿਦਿਆਰਥੀਆਂ ਨੂੰ ਸਰਕਾਰੀ ਸਕੂਲਾਂ ਵਿੱਚ ਪੜ੍ਹਾਈ ਲਈ ਸੁਖਾਵਾਂ ਮਾਹੌਲ ਮੁਹੱਈਆ ਕਰਵਾਉਣ ਲਈ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਏ ਅਤੇ ਅੱਜ ਤਕਰੀਬਨ ਢਾਈ ਲੱਖ ਰੁਪਏ ਦੀ ਲਾਗਤ ਨਾਲ ਪਿੰਡ ਰਾਮਨਗਰ ਦੇ ਸਰਕਾਰੀ ਸਕੂਲਾਂ ਵਿੱਚ 6 AC ਅਤੇ ਦੋ 50-50 ਲੀਟਰ ਸਮਰੱਥਾ ਵਾਲੇ ਵਾਟਰ ਕੂਲਰ ਲਗਵਾਏ ਗਏ ਨੇ। ਇਸਦੇ ਨਾਲ ਹੀ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਪਿੰਡ ਰਾਮਨਗਰ ਵਿੱਚ ਹੀ ਹੋਣ ਵਾਲੇ ਕਬੱਡੀ ਟੂਰਨਾਮੈਂਟ ਲਈ ਮਾਲੀ ਸਹਾਇਤਾ ਵਜੋਂ 8, ਹਜ਼ਾਰ 100 ਰੁਪਏ ਦਾ ਚੈੱਕ ਵੀ ਦਿੱਤਾ ਗਿਆ। ਇਸ ਮੌਕੇ ਹੋਰ ਪਤਵੰਤਿਆਂ ਦੇ ਨਾਲ ਨਾਲ, ਸੰਬੰਧਿਤ ਵੱਖ-ਵੱਖ ਪਿੰਡਾਂ ਦੀਆਂ ਗ੍ਰਾਮ ਪੰਚਾਇਤਾਂ ਦੇ ਸਰਪੰਚ, ਪੰਚ ਅਤੇ ਹੋਰ ਵੀ ਹਾਜ਼ਰ ਸਨ।

-------------------------------------------------------

ਹਿਮਾਚਲ ਪ੍ਰਦੇਸ਼ ਵਿੱਚ ਮਾਨਸੂਨ ਹੋਰ ਤੇਜ਼ ਹੋ ਗਿਆ ਏ । ਮੌਸਮ

ਵਿਭਾਗ ਨੇ YELLOW ਅਲਰਟ ਜਾਰੀ ਕੀਤਾ ਏ, ਜਿਸ ਵਿੱਚ 18 ਜੁਲਾਈ ਤੱਕ ਰਾਜ ਦੇ ਕੁਝ ਹਿੱਸਿਆਂ ਵਿੱਚ ਭਾਰੀ ਬਾਰਿਸ਼ ਦੀ ਚੇਤਾਵਨੀ ਦਿੱਤੀ ਗਈ ਏ । ਭਾਰੀ ਬਾਰਿਸ਼ ਕਾਰਨ, ਰਾਜ ਭਰ ਵਿੱਚ ਸੜਕ, ਬਿਜਲੀ ਅਤੇ ਪਾਣੀ ਸੇਵਾਵਾਂ ਬੁਰੀ ਤਰ੍ਹਾਂ ਪ੍ਰਭਾਵਿਤ ਹੋਈਆਂ ਨੇ, ਜਿਸ ਨਾਲ ਆਮ ਜਨਜੀਵਨ ਪ੍ਰਭਾਵਿਤ ਹੋਇਆ ਏ. 20 ਜੂਨ ਨੂੰ ਮਾਨਸੂਨ ਦੀ ਸ਼ੁਰੂਆਤ ਤੋਂ ਬਾਅਦ, ਮੀਂਹ ਨਾਲ ਸਬੰਧਤ ਘਟਨਾਵਾਂ ਵਿੱਚ ਕੁੱਲ 92 ਲੋਕਾਂ ਦੀ ਜਾਨ ਚਲੀ ਗਈ ਏ, 33 ਲਾਪਤਾ ਦੱਸੇ ਗਏ ਨੇ, ਅਤੇ 172 ਜ਼ਖਮੀ ਹੋਏ ਨੇ।

---------------------------------------------------------

ਇਧਰ ਪੰਜਾਬ ‘ਚ ਮੌਸਮ ਵਿਭਾਗ ਨੇ ਅੱਜ ਅਤੇ ਭਲਕੇ ਵੱਖ-ਵੱਖ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਏ. ਸੂਬੇ ਵਿੱਚ ਇਸ ਸਮੇਂ ਦੌਰਾਨ ਵੱਖ-ਵੱਖ ਥਾਵਾਂ 'ਤੇ ਗਰਜ ਨਾਲ ਤੂਫਾਨ ਆਉਣ ਅਤੇ ਬਿਜਲੀ ਚਮਕਣ ਦੀ ਸੰਭਾਵਨਾ ਏ । ਰਾਜ ਵਿੱਚ 16 ਤਰੀਕ ਨੂੰ ਉੱਤਰੀ ਹਿੱਸਿਆਂ’ਚ ਵੱਖ-ਵੱਖ ਥਾਵਾਂ 'ਤੇ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਏ ।

---------------------------------------------------------------------

ਕ੍ਰਿਕੇਟ 'ਚ , ਲਾਰਡਸ ਵਿਖੇ ਐਂਡਰਸਨ-ਤੇਂਦੁਲਕਰ ਟਰਾਫੀ ਦੇ ਤੀਜੇ ਟੈਸਟ ਮੈਚ ਦੇ ਤੀਜੇ ਦਿਨ ਭਾਰਤ ਨੇ ਇੰਗਲੈਂਡ ਖਿਲਾਫ ਆਪਣੀ ਪਹਿਲੀ ਪਾਰੀ 'ਚ ਦੁਪਹਿਰ ਦੇ ਖਾਣੇ ਤੱਕ, 4 ਵਿਕਟਾਂ 'ਤੇ 248 ਦੌੜਾਂ ਬਣਾ ਲਈਆਂ ਸਨ. ਦੋਵੇਂ ਟੀਮਾਂ ਇਸ ਸਮੇਂ 1-1 ਨਾਲ ਬਰਾਬਰੀ 'ਤੇ ਨੇ.। ਪਹਿਲਾਂ ਅੱਜ, ਭਾਰਤ ਨੇ ਆਪਣੀ ਪਹਿਲੀ ਪਾਰੀ ਰਾਤ ਦੇ 3 ਵਿਕਟਾਂ 'ਤੇ 145 ਦੌੜਾਂ ਦੇ ਸਕੋਰ ਤੋਂ ਮੁੜ  ਸ਼ੁਰੂ ਕੀਤੀ। ਮੇਜ਼ਬਾਨ ਇੰਗਲੈਂਡ ਦੀ ਟੀਮ ਕੱਲ੍ਹ ਆਪਣੀ ਪਹਿਲੀ ਪਾਰੀ 'ਚ 387 ਦੌੜਾਂ ਬਣਾ ਕੇ ਆਊਟ ਹੋ ਗਈ ਸੀ ।

---------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਰੁਜ਼ਗਾਰ ਮੇਲਾ, ਵਿਕਸਿਤ ਭਾਰਤ ਦੇ ਨਿਰਮਾਣ ਲਈ ਨੌਜਵਾਨਾਂ ਨੂੰ ਮਜ਼ਬੂਤ ਬਣਾਉਣ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ ; ਓਹਨਾਂ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਨਵੇਂ- ਨਿਯੁਕਤ ਹੋਏ ਲੋਕਾਂ ਨੂੰ 51,ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡੇ ।

- ਪੰਜਾਬ, ਚ ਰੁਜ਼ਗਾਰ ਮੇਲਾ, ਪਟਿਆਲਾ ਲੋਕੋਮੋਟਿਵ ਵਰਕਸ ਵਿਭਾਗ ਅਤੇ ਕਪੂਰਥਲਾ ਦੀ ਰੇਲ ਕੋਚ ਫੈਕਟਰੀ ਵਿਖੇ ਹੋਇਆ।
- ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਪੰਚਾਇਤੀ ਚੋਣਾਂ ਲਈ ਅਧਿਕਾਰਿਕ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਏ । ਨਾਮਜ਼ਦਗੀਆਂ ਭਰਨ ਦਾ ਅਮਲ 14 ਜੁਲਾਈ ਨੂੰ ਸ਼ੁਰੂ ਹੋਏਗਾ।
- ਪੰਜਾਬ ‘ਚ ਮੌਸਮ ਵਿਭਾਗ ਨੇ ਅੱਜ ਅਤੇ ਭਲਕੇ ਵੱਖ-ਵੱਖ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਏ।
- ਕ੍ਰਿਕੇਟ ਵਿਚ, ਭਾਰਤ ਅਤੇ ਇੰਗਲੈਂਡ ਦਰਮਿਆਨ, ਲਾਰਡਸ ਵਿਖੇ ਐਂਡਰਸਨ-ਤੇਂਦੁਲਕਰ ਟਰਾਫੀ ਦੇ ਤੀਜੇ ਟੈਸਟ ਮੈਚ ਦੀ ਤੀਜੇ ਦਿਨ ਦੀ ਖੇਡ ਜਾਰੀ ਏ।